**Vigilance Bureau Punjab**

**VIGILANCE NABS PRTC CHIEF ACCOUNTS OFFICER TAKING BRIBE**

Chandigarh, January 13: State Vigilance Bureau today nabbed Chief Accounts Officer (CAO) of Pepsu Roadways Transport Corporation (PRTC) Patiala red handed taking bribe of Rs. 5,000/-.

Disclosing this here an official spokesperson of the Vigilance Bureau said Bhupinder Kumar Aggarwal, CAO posted at PRTC headquarters was nabbed on the complaint of Bhajan Partap Singh of Patiala district. The complainant has approached the VB and alleged that the above named account officer was demanding Rs. 10,000 to clear his pending taxi bills.

After verifying his information, the Vigilance team laid a trap and the CAO was nabbed on the spot while accepting bribe of Rs.5,000 as first installment from the complainant in the presence of two official witnesses.

He informed that the case under Prevention of Corruption Act has been registered against the accused at VB police station Patiala and further investigation was under progress.

----------------

**ਵਿਜੀਲੈਂਸ ਬਿਓਰੋ ਪੰਜਾਬ**

**ਵਿਜੀਲੈਂਸ ਵਲੋਂ ਮੁੱਖ ਲੇਖਾ ਅਧਿਕਾਰੀ 5,000 ਰੁਪਏ ਦੀ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ**

ਚੰਡੀਗੜ੍ਹ, 13 ਜਨਵਰੀ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਪੇਪਸੂ ਰੋਡਵੇਜ ਟਰਾਂਸਪੋਰਟ ਕਾਰਪੋਰੇਸ਼ਨ (ਪੀ.ਆਰ.ਟੀ.ਸੀ) ਦੇ ਪਟਿਆਲਾ ਸਥਿਤ ਮੁੱਖ ਦਫਤਰ ਵਿਖੇ ਤਾਇਨਾਤ ਚੀਫ ਅਕਾਂਉਟਸ ਅਫਸਰ (ਸੀ.ਏ.ਓ) ਭੁਪਿੰਦਰ ਕੁਮਾਰ ਅਗਰਵਾਲ ਨੂੰ 5000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਸੀ.ਏ.ਓ ਭੁਪਿੰਦਰ ਕੁਮਾਰ ਅਗਰਵਾਲ ਨੂੰ ਸ਼ਿਕਾਇਤਕਰਤਾ ਭਜਨ ਪ੍ਰਤਾਪ ਸਿੰਘ ਵਾਸੀ ਪਟਿਆਲਾ ਦੀ ਸ਼ਿਕਾਇਤ ’ਤੇ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਲੇਖਾ ਅਫਸਰ ਵਲੋਂ ਉਸ ਦੀ ਟੈਕਸੀ ਦੇ ਕਿਰਾਏ ਦੇ ਬਿਲਾਂ ਦੀ ਅਦਾਇਗੀ ਸਬੰਧੀ ਫਾਈਲਾਂ ਨੂੰ ਪਾਸ ਕਰਨ ਬਦਲੇ 10,000 ਰੁਪਏ ਦੀ ਮੰਗ ਕੀਤੀ ਗਈ ਹੈ। ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਲੇਖਾ ਅਧਿਕਾਰੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਪਹਿਲੀ ਕਿਸ਼ਤ ਵਜੋਂ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਪਟਿਆਲਾ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

--------